# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 07-04-2024**

- ਲੋਕ ਸਭਾ ਚੋਣਾਂ -2024 ਨੂੰ ਲੈਕੇ ਵੋਟਰ ਜਾਗਰੂਕਤਾ ਮੁਹਿੰਮ ਅਤੇ ਸਵੀਪ ਗਤੀਵਿਧੀਆਂ ਵਿਚ ਆਈ ਤੇਜ਼ੀ।
- ਆਮ ਆਦਮੀ ਪਾਰਟੀ ਵਲੋਂ ਖਟਕੜ ਕਲਾਂ ਵਿਖੇ ਕੀਤੇ ਸਮੂਹਿਕ ਵਰਤ ਨੂੰ, ਪੰਜਾਬ BJP ਦੇ ਪ੍ਰਧਾਨ ਸੁਨੀਲ ਜਾਖੜ ਨੇ ਨਾਟਕ ਦਸਿਆ।
- ਚੰਗੀ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨ ਲਈ, ਅੱਜ ਵਿਸ਼ਵ ਸਿਹਤ ਦਿਵਸ ਮਨਾਇਆ ਜਾ ਰਿਹਾ ਏ।
- ਹੁਸ਼ਿਆਰਪੁਰ ਜ਼ਿਲ੍ਹੇ ਦੇ 'ਫਿਟ ਬਾਈਕਰਸ ਕਲੱਬ' ਵਲੋਂ ਅੱਜ ਸਾਈਕਲੋਥੋਨ ਕਾਰਵਾਈ ਗਈ।

---

ਲੋਕ ਸਭਾ ਚੋਣਾਂ 2024 ਨੂੰ ਲੈਕੇ, ਵੋਟਰ ਜਾਗਰੂਕਤਾ ਮੁਹਿੰਮ ਅਤੇ ਸਵੀਪ ਗਤੀਵਿਧੀਆਂ ਵਿਚ ਤੇਜੀ ਆਈ ਏ। ਚੋਣ ਕਮਿਸ਼ਨ ਦੇ

ਸੁਨੇਹੇ 'ਮੇਰਾ ਪਹਿਲਾ ਵੋਟ, ਦੇਸ਼ ਲਈ' ਨੂੰ ਨਵੇਂ ਵੋਟਰਾਂ ਤੱਕ ਪਹੁੰਚਾਉਣ ਲਈ, ਮੋਹਾਲੀ ਦੇ ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਦੀ ਅਗਵਾਈ ਵਿੱਚ, ਸਵੀਪ ਟੀਮ ਵੱਲੋਂ ਨਿਰੰਤਰ ਨਵੇਂ ਉਪਰਾਲੇ ਕੀਤੇ ਜਾ ਰਹੇ ਨੇ । ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਹਿਲੀ ਵਾਰ ਵੋਟ ਪਾਉਣ ਲਈ ਉਤਸ਼ਾਹਿਤ ਨੌਜਵਾਨਾਂ ਨੂੰ, ਵੋਟਰ ਜਾਗਰੂਕਤਾ ਦੇ ਸੁਨੇਹੇ ਵਾਲੇ ਚਾਬੀਆਂ ਦੇ ਛੱਲੇ , ਟੋਪੀਆਂ ਅਤੇ ਟੀ-ਸ਼ਰਟਾਂ ਵੰਡ ਕੇ ਪਹਿਲੀ ਜੂਨ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਜਾ ਰਹੀ ਏ ਤਾਂ ਜੋ 80 ਫ਼ੀਸਦੀ ਤੋਂ ਵੱਧ ਵੋਟਿੰਗ ਨੂੰ ਅਮਲੀ ਜਾਮਾ ਪਹਿਨਾਇਆ ਜਾ ਸਕੇ । ਚੋਣ ਤਹਿਸੀਲਦਾਰ ਸੰਜੇ ਕੁਮਾਰ ਅਤੇ ਜ਼ਿਲ੍ਹਾ ਸਵੀਪ ਟੀਮ ਵੱਲੋਂ, ਸਰਕਾਰੀ ਕਾਲਜ ਡੇਰਾਬੱਸੀ ਦੇ ਵਿਦਿਆਰਥੀਆਂ ਵੱਲੋਂ ਨੁੱਕੜ ਨਾਟਕ 'ਮੇਰੀ ਵੋਟ, ਮੇਰੀ ਤਾਕਤ' ਦਾ ਮੰਚਣ ਵੀ ਕੀਤਾ ਗਿਆ। ਸਕੂਲਾਂ ਦੇ ਕੈਂਪਸ ਅੰਬੇਸਡਰ ਵੱਲੋਂ ਪੰਜਾਬ ਦੇ ਚੋਣ ਮਸਕਟ ਪਾ ਕੇ ਵੋਟ ਪਾਉਣ ਦੀ ਅਪੀਲ ਕੀਤੀ ਜਾ ਰਹੀ ਏ ।

--------------------------------------------------

ਫ਼ਤਹਿਗੜ੍ਹ ਸਾਹਿਬ ਦੇ ਜਿਲ੍ਹਾ ਸਹਾਇਕ ਸਵੀਪ ਨੋਡਲ ਅਫਸਰ ਜੋਬਨਦੀਪ ਕੌਰ ਨੇ, ਜਿਲ੍ਹੇ ਦੇ ਵੱਖ-ਵੱਖ ਕਾਲਜਾਂ, ਯੂਨਿਵਰਸਿਟੀਆਂ, ਸੰਸਥਾਨਾਂ ਦੇ ਮੁੱਖੀਆਂ ਨਾਲ ਲੋਕ ਸਭਾ ਚੋਣਾਂ ਲਈ ਸਵੀਪ ਗਤੀਵਿਧੀਆਂ ਵਿੱਚ ਤੇਜੀ ਲਿਆਉਣ ਲਈ ਮੀਟਿੰਗ

ਕੀਤੀ । ਉਨ੍ਹਾਂ ਹਿਦਾਇਤ ਕੀਤੀ ਕਿ ਨੌਜਵਾਨਾਂ ਵਿੱਚ ਵੱਧ ਤੋਂ ਵੱਧ ਵੋਟਰ ਜਾਗਰੂਕਤਾ ਪੈਦਾ ਕੀਤੀ ਜਾਵੇ ਤਾਂ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਦਿੱਤੇ "ਇਸ ਵਾਰ 70 ਪਾਰ" ਦੇ ਟੀਚੇ ਨੂੰ ਹਾਸਲ ਕੀਤਾ ਜਾ ਸਕੇ। ਉਹਨਾਂ ਸਿੱਖਿਅਤ ਅਦਾਰਿਆਂ ਦੇ ਮੁੱਖੀਆਂ ਨੂੰ ਆਪੋ -ਆਪਣੇ ਸਿੱਖਿਅਕ ਆਦਾਰਿਆਂ ਵਿੱਚ ਨੁਕੜ-ਨਾਟਕ, ਸੰਗੀਤ, ਰੰਗੋਲੀ ਪ੍ਰਤੀਯੋਗਿਤਾਵਾਂ ਰਾਹੀਂ ਨੌਜਵਾਨਾਂ ਵਿੱਚ ਵੋਟ ਦੀ ਮੱਹਤਤਾਂ ਨੂੰ ਸਮਝਾਉਦੇ ਹੋਏ ਵਿਸ਼ੇਸ਼ ਸਵੀਪ ਗਤੀਵਿਧੀਆਂ ਕਰਵਾਉਣ ਲਈ ਕਿਹਾ ਤਾਂ ਜੋ ਨੌਜਵਾਨ ਵੋਟਿੰਗ ਪ੍ਰਣਾਲੀ ਵਿੱਚ ਆਪਣਾ ਅਹਿਮ ਯੋਗਦਾਨ ਪਾ ਸਕਣ।

-------------------------------------------------------

ਦੇਸ਼ ਵਿਚ ਲੋਕ ਸਭਾ ਚੋਣਾਂ ਲਈ ਵੋਟਿੰਗ, 19 ਅਪ੍ਰੈਲ ਤੋਂ ਪਹਿਲੀ ਜੂਨ ਦੇ ਵਿਚਾਲੇ ਸੱਤ ਗੇੜਾਂ ਵਿਚ ਹੋਵੇਗੀ । ਨਤੀਜੇ 4 ਜੂਨ ਨੂੰ ਆਉਣਗੇ । ਲੋਕ ਸਭਾ ਚੋਣਾਂ ਦੀ ਤਿਆਰੀ ਲਈ, ਚੋਣ ਕਮਿਸ਼ਨ ਕਈ ਕਦਮ ਚੁੱਕ ਰਿਹਾ ਏ । ਚੋਣਾਂ ਵਿਚ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ EVM ਦੇ ਨਾਲ ਨਾਲ ਵੋਟ ਪਾਉਣ ਵੇਲੇ ਉਂਗਲ ਤੇ ਲਗਾਈ ਜਾਣ ਵਾਲੀ ਸਿਆਹੀ ਦੀ ਵੀ ਬੇਹੱਦ ਹੀ ਅਹਿਮ ਭੂਮਿਕਾ ਰਹਿੰਦੀ ਏ। ਸਿਆਹੀ ਲਗਾਉਣ ਦਾ ਮੁਖ ਮੰਤਵ, ਕਿਸੇ ਵੀ ਵੋਟਰ ਨੂੰ ਦੁਬਾਰਾ ਵੋਟ ਪਾਉਣ ਤੋਂ ਰੋਕਣਾ ਏ।

-------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਜਲੰਧਰ ਵਿੱਚ ਪਾਰਟੀ ਵਿਧਾਇਕਾਂ, ਚੇਅਰਮੈਨਾਂ ਅਤੇ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ ਅਤੇ ਚੋਣ ਰਣਨੀਤੀ ਬਾਰੇ ਕੀਤੀ ਚਰਚਾ ਕੀਤੀ। ਉਨਾਂ ਪਾਰਟੀ ਦੇ ਸਮੂਹ ਆਗੂਆਂ ਨੂੰ ਪਿਛਲੇ ਦੋ ਸਾਲਾਂ ਵਿੱਚ ਸਰਕਾਰ ਦੇ ਲੋਕ ਪੱਖੀ ਕਾਰਜਾਂ ਬਾਰੇ ਲੋਕਾਂ ਨੂੰ ਦੱਸਣ ਲਈ ਕਿਹਾ। ਪਾਰਟੀ ਛੱਡਣ ਵਾਲੇ ਆਗੂਆਂ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਇਹਨਾਂ ਵੱਲ ਧਿਆਨ ਦੇਣ ਦੀ ਕੋਈ ਜ਼ਰੂਰਤ ਨਹੀਂ ਏ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ, ਸਿਰਫ਼ ਦੋ ਸਾਲਾਂ ਵਿੱਚ ਏਨਾ ਕੰਮ ਕੀਤਾ ਏ ਜਿਹੜਾ ਪਿਛਲੀਆਂ ਸਰਕਾਰਾਂ ਨੇ ਪਿਛਲੇ 70 ਸਾਲਾਂ ਵਿੱਚ ਨਹੀਂ ਕੀਤਾ।

---------------------------------------------------------

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸੂਬਾ ਸਰਕਾਰ ਦੇ ਕਈ ਮੰਤਰੀਆਂ ਤੇ ਵਿਧਾਇਕਾਂ ਨੇ, ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੇ ਖਟਕੜ ਕਲਾਂ ਵਿਖੇ, ਅੱਜ ਸਮੂਹਕ ਵਰਤ ਰੱਖਿਆ। ਦਿੱਲੀ ਦੇ ਮੁੱਖ ਮੰਤਰੀ ਅਤੇ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਦੀ ਗ੍ਰਿਫਤਾਰੀ ਦੇ ਵਿਰੋਧ ਵਿਚ, ਇਸ ਦੇਸ਼ ਵਿਆਪੀ ਵਰਤ ਦਾ ਸੱਦਾ ਦਿੱਤਾ ਗਿਆ ਸੀ। ਖਟਕੜ ਕਲਾਂ ਮਹਾਨ ਆਜ਼ਾਦੀ ਘੁਲਾਟੀਏ ਭਗਤ ਸਿੰਘ ਦਾ ਜੱਦੀ ਪਿੰਡ ਏ।

---

ਇਸੇ ਦੌਰਾਨ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ, ਸੁਨੀਲ ਜਾਖੜ ਨੇ ਮੁੱਖ ਮੰਤਰੀ ਵਲੋਂ ਕੀਤੇ ਗਏ ਸਮੂਹਕ ਵਰਤ ਨੂੰ ਨਾਟਕ ਦੱਸਦਿਆਂ ਕਿਹਾ ਕਿ ਸ਼ਹੀਦਾਂ ਦੀ ਪਵਿੱਤਰ ਧਰਤੀ ਖਟਕੜ ਕਲਾਂ ਵਿਖੇ ਕੀਤੇ ਗਏ ਇਸ ਨਾਟਕ ਲਈ, ਮੁਖ ਮੰਤਰੀ ਨੂੰ ਪੰਜਾਬੀ ਕਦੇ ਵੀ ਮਾਫ ਨਹੀਂ ਕਰਨਗੇ। ਸੋਸ਼ਲ ਮੀਡੀਆ ਤੇ ਉਨਾਂ ਕਿਹਾ ਕਿ ਮਹਾਨ ਸ਼ਹੀਦ ਭਗਤ ਸਿੰਘ ਦੇ ਜਨਮ ਸਥਾਨ ਤੇ ਮੁੱਖ ਮੰਤਰੀ ਨੇ ਦਾਰੂ ਦੇ ਘੁਟਾਲੇ ਵਿੱਚ ਸ਼ਾਮਿਲ ਆਪਣੇ ਆਗੂ ਦੀ ਸ਼ਹੀਦ ਭਗਤ ਸਿੰਘ ਵਾਂਗ ਹੀ, ਸਲਾਖਾਂ ਪਿੱਛੇ ਤਸਵੀਰ ਲਾ ਕੇ ਪੰਜਾਬੀਆਂ ਦੇ ਹਿਰਦੇ ਵਲੂੰਧਰੇ ਨੇ।

---

BJP ਮੋਹਾਲੀ ਦੇ ਜਿਲਾ ਪ੍ਰਧਾਨ, ਸੰਜੀਵ ਵਸ਼ਿਸ਼ਟ ਨੇ ਮੋਹਾਲੀ ਦੇ ਵੇਵ ਇਸਟੇਟ ਵਿਖੇ, ਅੱਜ ਇਕ ਮੀਟਿੰਗ ਵਿੱਚ ਪਾਰਟੀ ਦੇ ਸਾਰੇ ਹੀ ਵਰਕਰਾਂ ਨੂੰ, ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਵਿੱਚ ਜੁੱਟਣ ਲਈ ਆਖਿਆ ਤਾਂ ਜੋ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ BJP ਉਮੀਦਵਾਰ ਦੀ ਜਿੱਤ ਯਕੀਨੀ ਬਣਾ ਕੇ ਨਰੇਂਦਰ ਮੋਦੀ ਨੂੰ ਲਗਾਤਾਰ ਤੀਜੀ ਵਾਰ ਦੇਸ਼ ਦਾ ਪ੍ਰਧਾਨ ਮੰਤਰੀ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਰਾਸ਼ਟਰ ਨਿਰਮਾਣ, ਭਾਰਤ ਨੂੰ ਵਿਸ਼ਵ ਗੁਰੂ ਤੇ

ਦੁਨੀਆ ਦੀ ਸਭ ਤੋਂ ਵੱਡੀ ਤਾਕਤ ਬਣਾਉਣਾ ਅਤੇ ਸੂਬੇ ਨੂੰ ਖੁਸ਼ਹਾਲ ਤੇ ਰੰਗਲਾ ਸੂਬਾ ਬਣਾਉਣਾ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੇ BJP ਦਾ ਮੁੱਖ ਉਦੇਸ਼ ਏ ਜਿਸ ਨੂੰ ਪੂਰਾ ਕਰਨ ਲਈ ਸਾਰਿਆਂ ਨੂੰ ਸਹਿਯੋਗ ਤੇ ਮਿਹਨਤ ਕਰਨੀ ਪਵੇਗੀ। ਇਸ ਮੌਕੇ ਤੇ ਪਾਰਟੀ ਦੇ ਸੂਬਾ ਪ੍ਰੈੱਸ ਸਕੱਤਰ ਹਰਦੇਵ ਸਿੰਘ ਉੱਭਾ ਨੇ, ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਾਲੀ BJP ਦੀ ਕੇਂਦਰ ਸਰਕਾਰ ਨੇ ਦੇਸ਼ ਦੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਨੇ ਅਤੇ ਦੇਸ਼ ਹਿੱਤ ਵਿੱਚ ਅਜਿਹੇ ਕੰਮ ਕੀਤੇ ਨੇ ਜਿਸ ਦੀ ਕੋਈ ਕਲਪਨਾ ਵੀ ਨਹੀਂ ਕਰਦਾ ਸੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਜੋ ਕਹਿੰਦੀ ਏ, ਉਹ ਕਰਦੀ ਵੀ ਏ।

-------------------------------------------------------

ਚੰਗੀ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਅੱਜ ਵਿਸ਼ਵ ਸਿਹਤ ਦਿਵਸ ਮਨਾਇਆ ਜਾ ਰਿਹਾ ਏ । ਵਿਸ਼ਵ ਸਿਹਤ ਸੰਗਠਨ ਨੇ ਕਰੀਬ 450 ਕਰੋੜ ਲੋਕਾਂ ਵਿਚ ਜ਼ਰੂਰੀ ਸਿਹਤ ਸੇਵਾਵਾਂ ਦੀ ਗੰਭੀਰ ਘਾਟ ਨੂੰ ਦੂਰ ਕਰਨ ਲਈ, ਇਸ ਸਾਲ ਦਾ ਵਿਸ਼ਾ 'ਮੇਰੀ ਸਿਹਤ, ਮੇਰਾ ਅਧਿਕਾਰ' ਐਲਾਨਿਆ ਏ। ਆਕਾਸ਼ਵਾਣੀ ਸਮਾਚਾਰ ਨਾਲ ਗੱਲ ਕਰਦੇ ਹੋਏ, ਨਵੀਂ ਦਿੱਲੀ ਏਮਜ਼ ਦੇ ਪ੍ਰੋਫੈਸਰ, ਡਾ. ਰੀਮਾ ਦਾਦਾ ਨੇ ਕਿਹਾ ਕਿ ਜੀਵਨ-ਸ਼ੈਲੀ ਵਿੱਚ ਮੁੱਖ ਤਬਦੀਲੀਆਂ ਅਤੇ ਯੋਗਾ ਵਰਗੇ ਅਭਿਆਸਾਂ ਨੂੰ ਅਪਣਾਉਣ ਨਾਲ ਬਿਮਾਰੀਆਂ ਨੂੰ ਹਰਾਇਆ ਜਾ ਸਕਦਾ ਏ, ਖਾਸ

ਕਰਕੇ ਨੌਜਵਾਨਾਂ ਵਿੱਚ ਜੋ ਚਿੰਤਾਜਨਕ ਦਰ ਨਾਲ ਵਧ ਰਹੀਆਂ ਨੇ । ਵਿਸ਼ਵ ਸਿਹਤ ਦਿਵਸ ਪਹਿਲੀ ਵਾਰ ਸਾਲ 1950 ਵਿੱਚ ਵਿਸ਼ਵ ਸਿਹਤ ਸੰਗਠਨ ਦੁਆਰਾ ਸੰਗਠਨ ਦੀ ਸਥਾਪਨਾ ਅਤੇ ਸਿਹਤ ਦੇ ਮਹੱਤਵ 'ਤੇ ਵਿਸ਼ਵ-ਵਿਆਪੀ ਧਿਆਨ ਖਿੱਚਣ ਲਈ ਮਨਾਇਆ ਗਿਆ ਸੀ ।

-----------------------------------------------------

ਫਾਜ਼ਿਲਕਾ ਜ਼ਿਲੇ ਦੇ ਰਹਿਣ ਵਾਲੇ, 65 ਸਾਲਾ ਅਥਲੀਟ ਆਸ਼ਾ ਰਾਣੀ ਖੁਦ ਨੂੰ ਫਿੱਟ ਅਤੇ ਸਿਹਤਯਾਬ ਰੱਖਣ ਵੱਖ ਵੱਖ ਖੇਡ ਮੁਕਾਬਲਾ ਵਿਚ ਹਿੱਸਾ ਲੈਂਦੇ ਨੇ। ਉਹ ਕੌਮੀ ਪੱਧਰ ‘ਤੇ ਬਹੁਤ ਸਾਰੇ ਸੋਨ ਤਮਗ਼ੇ ਵੀ ਜਿੱਤ ਚੁੱਕੇ ਨੇ। ਅੱਜ ਵਿਸ਼ਵ ਸਿਹਤ ਦਿਵਸ ਮੌਕੇ ਆਕਾਸ਼ਵਾਣੀ ਸਮਾਚਾਰ ਜਲੰਧਰ ਨਾਲ ਗੱਲਬਾਤ ਕਰਦਿਆਂ ਆਸ਼ਾ ਰਾਣੀ ਨੇ ਲੋਕਾਂ ਨੂੰ ਸੇਹਤਮੰਦ ਰਹਿਣ ਲਈ ਅਪੀਲ ਕੀਤੀ। ਮੋਗਾ ਵਾਸੀ ਸੁਰਜੀਤ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ।

-----------------------------------------------------

ਹੁਸ਼ਿਆਰਪੁਰ ਜ਼ਿਲ੍ਹੇ ਦੇ 'ਫਿਟ ਬਾਈਕਰਸ ਕਲੱਬ' ਵਲੋਂ ਅੱਜ ਸਾਈਕਲੋਥਾਨ ਕਾਰਵਾਈ ਗਈ । ਲੋਕ ਸਭਾ ਚੋਣਾਂ 2024 ਲਈ ਵੋਟਰ ਜਾਰਗੂਕਤਾ ਤੇ ਨਸ਼ਾ ਮੁਕਤ ਪੰਜਾਬ ਦੇ ਵਿਸ਼ੇ ’ਤੇ ਕਾਰਵਾਈ ਗਈ , ਇਸ ਸਾਈਕਲੋਥਾਨ ਵਿਚ ਦੇਸ਼ ਦੇ ਵੱਖ-ਵੱਖ ਰਾਜਾਂ ਤੋਂ

ਇਲਾਵਾ, ਵਿਦੇਸ਼ਾਂ ਤੋਂ 8 ਸਾਲ ਤੋਂ 80 ਸਾਲ ਦੇ ਪ੍ਰੋਫੈਸ਼ਨਲ ਸਾਈਕਲਿਸਟਾਂ ਨੇ ਹਿੱਸਾ ਲਿਆ ਫਿਟ ਬਾਈਕਰਸ ਕਲੱਬ ਦੇ ਪ੍ਰਧਾਨ ਪਰਮਜੀਤ ਸਿੰਘ ਸਚਦੇਵਾ ਨੇ ਦੱਸਿਆ ਕਿ ਪੂਰੀ ਦੁਨੀਆਂ ਵਿਚ ਸਾਈਕਲਿੰਗ ਦੇ ਖੇਤਰ ਵਿਚ ਆਪਣਾ ਨਾਮ ਕਰਨ ਵਾਲੇ ਸਾਈਕਲਿਸਟ ਡਾ. ਅਮਿਤ ਸਮਰਥ, ਡਾ. ਪਵਨ ਢੀਂਗਰਾ, ਰਾਵੀ ਬਦੇਸ਼ਾ, ਆਦਿਲ ਤੇਲੀ, ਮੇਘਾ ਜੈਨ ਨੇ ਵਿਸ਼ੇਸ਼ ਤੌਰ ’ਤੇ ਹਿੱਸਾ ਲੈ ਕੇ ਇਸ ਪ੍ਰੋਗਰਾਮ ਦੀ ਸ਼ਾਨ ਵਧਾਈ ਏ । ਇਸ ਮੌਕੇ ਐਸ.ਐਸ.ਪੀ ਸੁਰੇੱਦਰ ਲਾਂਬਾ ਨੇ ਸਾਈਕਲਿਸਟਾਂ ਤੇ ਵਲੰਟੀਅਰਸ ਨੂੰ ਕਿਹਾ ਕਿ ਸਾਰੇ ਯੋਗ ਵੋਟਰ, ਲੋਕ ਸਭਾ ਚੋਣਾਂ 2024 ਵਿਚ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਜ਼ਰੂਰ ਕਰਨ ਅਤੇ ਮਜ਼ਬੂਤ ਲੋਕਤੰਤਰ ਦੇ ਨਿਰਮਾਣ ਵਿਚ ਆਪਣਾ ਸਹਿਯੋਗ ਦੇਣ।

-----------------------------------------------------------

ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਮੌਕੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ

ਹਜ਼ੂਰੀ ਰਾਗੀ ਭਾਈ ਭੁਪਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਉਨ੍ਹਾ ਸੰਗਤ ਨਾਲ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਜੀਵਨ ਇਤਿਹਾਸ ਵਿਚਾਰ ਕਰਦਿਆਂ, ਗੁਰੂ ਸਾਹਿਬ ਜੀ ਦੇ ਗੁਰਗੱਦੀ ਦਿਵਸ ਦੀ ਵਧਾਈ ਦਿੱਤੀ।

-----------------------------------------------------------------

ਪਟਿਆਲਾ ਦੇ ਵਧੀਕ ਜ਼ਿਲ੍ਹਾ ਮੈਜਿਸਟਰੇਟ ਕੰਚਨ ਨੇ ਪੰਜਾਬ ਵਿਲੇਜ ਤੇ ਸਮਾਲ ਟਾਊਨ ਪੈਟਰੋਲ ਐਕਟ, 1918 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਪਟਿਆਲਾ ਜ਼ਿਲ੍ਹੇ ਅੰਦਰ ਪੈਂਦੇ ਪਿੰਡਾਂ ਸਮੇਤ ਹੋਰਨਾਂ ਅਹਿਮ ਥਾਵਾਂ ਤੇ ਠੀਕਰੀ ਪਹਿਰੇ ਲਗਾਉਣ ਦੇ ਹੁਕਮ ਜਾਰੀ ਕੀਤੇ ਨੇ।